**ਤੇਰੀ ਚਾਲ ਸੁਹਾਵੀ ਮਧੁਰਾੜੀ ਬਾਣੀ ॥ ਕੁਹਕਨਿ ਕੋਕਿਲਾ ਤਰਲ ਜੁਆਣੀ ॥ ਤਰਲਾ ਜੁਆਣੀ ਆਪਿ ਭਾਣੀ ਇਛ ਮਨ ਕੀ ਪੂਰੀਏ ॥ ਸਾਰੰਗ ਜਿਉ ਪਗੁ ਧਰੈ ਠਿਮਿ ਠਿਮਿ ਆਪਿ ਆਪੁ ਸੰਧੂਰਏ ॥ ਸ੍ਰੀਰੰਗ ਰਾਤੀ ਫਿਰੈ ਮਾਤੀ ਉਦਕੁ ਗੰਗਾ ਵਾਣੀ ॥ ਬਿਨਵੰਤਿ ਨਾਨਕੁ ਦਾਸੁ ਹਰਿ ਕਾ ਤੇਰੀ ਚਾਲ ਸੁਹਾਵੀ ਮਧੁਰਾੜੀ ਬਾਣੀ ॥੮॥੨॥** {ਪੰਨਾ 566-567}

ਪਦਅਰਥ:- ਮਧੁਰਾੜੀ—ਸੋਹਣੀ ਮਿੱਠੀ। ਕੁਹਕਨਿ—ਕੂਕਦੀਆਂ ਹਨ। ਕੋਇਲਾ—ਕੋਇਲਾਂ। ਤਰਲ—ਚੰਚਲ। ਜੁਆਣੀ—ਜਵਾਨੀ। ਭਾਣੀ—ਪਿਆਰੀ ਲੱਗੀ। ਸਾਰੰਗ—ਹਾਥੀ। ਪਗੁ—ਪੈਰ। ਠਿਮਿ ਠਿਮਿ—ਮਟਕ ਨਾਲ। ਆਪੁ—ਆਪਣੇ ਆਪ ਨੂੰ। ਸੰਧੂਰਏ—ਮਸਤ ਕਰਦਾ ਹੈ। ਸ੍ਰੀਰੰਗ—ਲੱਛਮੀ-ਪਤੀ ਪ੍ਰਭੂ। ਮਾਤੀ—ਮਸਤ। ਉਦਕੁ—ਪਾਣੀ। ਵਾਣੀ—ਸਿਫ਼ਤਿ-ਸਾਲਾਹ ਦੀ ਬਾਣੀ। ਬਿਨਵੰਤਿ—ਬੇਨਤੀ ਕਰਦਾ ਹੈ।8।

ਅਰਥ:- (ਕਿਤੇ ਮਿੱਠੀ ਵੈਰਾਗ-ਭਰੀ ਸੁਰ ਵਿਚ ਕੋਇਲਾਂ ਕੂਕ ਰਹੀਆਂ ਹਨ, ਕਿਤੇ ਚੰਚਲ ਜਵਾਨੀ ਦੇ ਮਦ-ਭਰੀਆਂ ਸੁੰਦਰੀਆਂ ਹਨ ਜੋ ਮਸਤ ਹਾਥੀ ਵਾਂਗ ਬੜੀ ਮਟਕ ਨਾਲ ਤੁਰਦੀਆਂ ਹਨ। ਹੇ ਪ੍ਰਭੂ! ਇਹ ਕੋਇਲ ਦੀ ਮਿੱਠੀ ਬੋਲੀ ਤੇ ਚੰਚਲ ਜਵਾਨੀ ਦਾ ਮਦ ਸਭ ਕੁਝ ਤੂੰ ਆਪ ਹੀ ਪੈਦਾ ਕੀਤਾ ਹੈ। ਸੋ ਹੇ ਪ੍ਰਭੂ!) ਤੇਰੀ (ਮਸਤ) ਚਾਲ (ਮਨ ਨੂੰ) ਸੁਖ ਦੇਣ ਵਾਲੀ ਹੈ, ਤੇਰੀ ਬੋਲੀ ਸੋਹਣੀ ਮਿੱਠੀ ਮਿੱਠੀ ਹੈ। (ਤੇਰੀਆਂ ਹੀ ਪੈਦਾ ਕੀਤੀਆਂ) ਕੋਇਲਾਂ ਮਿੱਠੀ (ਵੈਰਾਗ-ਭਰੀ ਸੁਰ ਵਿਚ) ਕੂਕ ਰਹੀਆਂ ਹਨ, (ਤੇਰੀਆਂ ਹੀ ਪੈਦਾ ਕੀਤੀਆਂ) ਚੰਚਲ ਜਵਾਨੀ ਦੇ ਮਦ-ਭਰੀਆਂ ਸੁੰਦਰੀਆਂ ਹਨ।

ਇਹ ਚੰਚਲ ਜੁਆਨੀ ਪ੍ਰਭੂ ਨੇ ਆਪ ਹੀ ਪੈਦਾ ਕੀਤੀ, ਉਸ ਨੂੰ ਆਪ ਨੂੰ ਹੀ ਇਸ ਦਾ ਪੈਦਾ ਕਰਨਾ ਚੰਗਾ ਲੱਗਾ, ਉਸ ਨੇ ਆਪਣੇ ਹੀ ਮਨ ਦੀ ਇੱਛਾ ਪੂਰੀ ਕੀਤੀ। (ਚੰਚਲ ਜਵਾਨੀ ਦੇ ਮਦ-ਮੱਤੀ ਸੁੰਦਰੀ ਵਿਚ ਬੈਠ ਕੇ ਪ੍ਰਭੂ ਆਪ ਹੀ) ਮਸਤ ਹਾਥੀ ਵਾਂਗ ਬੜੀ ਮਟਕ ਨਾਲ ਪੈਰ ਧਰਦਾ ਹੈ, ਉਹ ਆਪ ਹੀ ਆਪਣੇ ਆਪ ਨੂੰ (ਜਵਾਨੀ ਦੇ ਮਦ ਵਿਚ) ਮਸਤ ਕਰ ਰਿਹਾ ਹੈ। (ਪ੍ਰਭੂ ਦੀ ਆਪਣੀ ਹੀ ਕਿਰਪਾ ਨਾਲ ਕੋਈ ਵਡ-ਭਾਗਣ ਜੀਵ-ਇਸਤ੍ਰੀ ਉਸ) ਲੱਛਮੀ-ਪਤੀ ਦੇ ਪ੍ਰੇਮ-ਰੰਗ ਵਿਚ ਰੰਗੀ ਹੋਈ (ਉਸ ਦੇ ਨਾਮ ਵਿਚ) ਮਸਤ ਫਿਰਦੀ ਹੈ, (ਉਸ ਦਾ ਜੀਵਨ ਪਵਿਤ੍ਰ ਹੋ ਜਾਂਦਾ ਹੈ) ਜਿਵੇਂ ਗੰਗਾ ਦਾ ਪਾਣੀ (ਪਵਿਤ੍ਰ ਮੰਨਿਆ ਜਾਂਦਾ ਹੈ)।

ਹਰੀ ਦਾ ਦਾਸ ਨਾਨਕ ਬੇਨਤੀ ਕਰਦਾ ਹੈ—ਹੇ ਪ੍ਰਭੂ! ਤੇਰੀ ਚਾਲ ਸੁਹਾਵਣੀ ਹੈ ਤੇ ਤੇਰੀ ਬੋਲੀ ਮਿੱਠੀ ਮਿੱਠੀ ਹੈ।8।2।